

ਬਠਿੰਡਾ ਮਾਨਸਾ
ਅਜੀਤ, ਬਠਿੰਡਾ
ਅਜੀਤ
ਸੋਮਵਾਰ, 20 ਅਕਤੂਬਰ 2025







ਬੰਦੀ ਛੋੜ ਦਿਵਸ ਅਤੇ ਦੀਵਾਲੀ ਮੌਕੇ ਇਤਿਹਾਸਿਕ ਨਗਰ ਤਲਵੰਡੀ ਸਾਬੋ ਦੇ ਨਿਸ਼ਾਨ ਏ ਖ਼ਾਲਸਾ ਚੌਕ 'ਤੇ ਕੀਤੀ ਗਈ ਮਨਮੋਹਕ ਦੀਪਮਾਲਾ ਦੀ ਤਸਵੀਰ। ਫੋਟੋ ਅਤੇ ਵੇਰਵਾ - ਰਣਜੀਤ ਸਿੰਘ ਰਾਜੂ ਤਲਵੰਡੀ ਸਾਬੋ।





ਵੱਖ-ਵੱਖ ਖੇਡ ਮੁਕਾਬਲਿਆਂ ਦੌਰਾਨ ਜੇਤੂ ਗਲੋਬਲ ਡਿਸਕਵਰੀ ਸਕੂਲ ਲਹਿਰਾ ਧੂਰਕੋਟ ਦੇ ਵਿਦਿਆਰਥੀ ਤੇ ਅਧਿਆਪਕ। ਅਜੀਤ ਤਸਵੀਰ

# ਡਿਸਕਵਰੀਅਨਜ਼ ਨੇ 115 ਤਗਮਿਆਂ ਨਾਲ ਸਕੂਲ ਦਾ ਮਾਣ ਵਧਾਇਆ

ਲਹਿਰਾ ਮੁਹੱਬਤ, 19 ਅਕਤੂਬਰ (ਸੁੱਖੀ)-ਸਰਾਫ ਐਜੂਬੀਕਨਜ ਗਲੋਬਲ ਡਿਸਕਵਰੀ ਸਕੂਲ ਲਹਿਰਾ ਧੂਰਕੋਟ ਦੇ ਵਿਦਿਆਰਥੀਆਂ ਨੇ ਕੇਂਦਰੀ ਵਿਦਿਆਲਿਆ ਖੇਡ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 27 ਸੋਨੇ, 76 ਚਾਂਦੀ ਅਤੇ 12 ਕਾਂਸੀ ਦੇ 115 ਤਗਮੇ ਜਿੱਤੇ। ਮੁਕਾਬਲੇ ਦੌਰਾਨ ਗੁਰਸਾਨ ਕੌਰ ਸ਼ਾਟ ਪੁੱਟ ਸੋਨਾ), ਜਪਜੀਤ ਕੌਰ ਲੰਬੀ ਛਾਲ- ਸੋਨਾ ਅਤੇ ਚਾਂਦੀ, ਕਬੱਡੀ ਲੜਕੇ ਸੋਨਾ, ਹੈਂਡਬਾਲ ਕੁੜੀਆਂ ਸੋਨਾ, ਕਬੱਡੀ ਸਰਕਲ ਕਾਂਸੀ ਤੋਂ ਇਲਾਵਾ ਇਨ੍ਹਾਂ ਵਿੱਚ ਹੈਂਡਬਾਲ ਲੜਕੇ ਚਾਂਦੀ, ਫੁੱਟਬਾਲ ਲੜਕੀਆਂ ਚਾਂਦੀ, ਟਗ ਆਫ਼ ਵਾਰ ਚਾਂਦੀ, ਖੋ-ਖੋ ਲੜਕੇ ਚਾਂਦੀ, ਖੋ-ਖੋ ਲੜਕੀਆਂ ਚਾਂਦੀ, ਕਰਾਟੇ ਲੜਕੇ ਸੋਨਾ, ਚਾਂਦੀ, ਕਰਾਟੇ ਲੜਕੀਆਂ ਚਾਂਦੀ ਅਤੇ ਬੈਡਮਿੰਟਨ ਲੜਕੀਆਂ ਚਾਂਦੀ ਤਗਮੇ ਸ਼ਾਮਲ ਹਨ। ਵਿਦਿਆਰਥੀਆਂ, ਟ੍ਰੇਨਰਾਂ ਅਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ, ਸਕੂਲ ਦੇ ਉਪ ਪ੍ਰਧਾਨ ਅਮਿਤ ਸਰਾਫ ਨੇ ਕਿਹਾ ਸਾਡਾ ਸਕੂਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਸਮਰਪਿਤ ਹੈ। ਇਹ ਸਫਲਤਾ ਸਖ਼ਤ ਮਿਹਨਤ, ਲਗਨ ਅਤੇ ਸਹੀ ਮਾਰਗਦਰਸ਼ਨ ਦਾ ਨਤੀਜਾ ਹੈ। ਸਾਡੇ ਵਿਦਿਆਰਥੀ ਨਾ ਸਿਰਫ਼ ਅਕਾਦਮਿਕ ਖੇਤਰ ਵਿਚ ਸਗੋਂ ਖੇਡਾਂ ਅਤੇ ਹੋਰ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਵਿਚ ਵੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਰਹੇ ਹਨ। ਇਹ ਪ੍ਰਾਪਤੀਆਂ ਸਾਬਤ ਕਰਦੀਆਂ ਹਨ। ਕਿਸ ਚੰਗੇ ਮਾਰਗ ਦਰਸ਼ਨ ਅਤੇ ਸਮਰਪਣ ਨਾਲ ਹਰ ਟੀਚਾ ਪ੍ਰਾਪਤ ਕੀਤਾ ਜਾ ਸਕਦਾ ਹੈ।

## ਮਿਤਵਾ ਦੇ ਰਚਨਾ ਸੰਸਾਰ ਬਾਰੇ ਸਮਾਗਮ 23 ਨੂੰ

ਮਾਨਸਾ, 19 ਅਕਤੂਬਰ (ਸੱਭਿ.ਪ੍ਰਤੀ)- ਭਾਰਤੀ ਸਾਹਿਤ ਅਕੈਡਮੀ ਦਿੱਲੀ ਵਲੋਂ ਕਥਾਕਾਰ ਅਤੇ ਨਾਟਕਕਾਰ ਦਰਸ਼ਨ ਮਿਤਵਾ ਦੇ ਜੀਵਨ ਅਤੇ ਰਚਨਾ ਸੰਸਾਰ ਬਾਰੇ ਸਾਹਿਤਕ ਸਮਾਗਮ ਸਥਾਨਕ ਮਾਤਾ ਸੁੰਦਰੀ ਇੰਸਟੀਟਿਊਸ਼ਨ ਵਿਖੇ 23 ਅਕਤੂਬਰ ਨੂੰ ਸਵੇਰੇ 10 ਵਜੇ ਕਰਵਾਇਆ ਜਾ ਰਿਹਾ ਹੈ। ਅਕੈਡਮੀ ਦੀ ਗਵਰਨਿੰਗ ਕੌਂਸਲ ਦੇ ਮੈਂਬਰ ਬੂਟਾ ਸਿੰਘ ਚੌਹਾਨ ਨੇ ਦੱਸਿਆ ਕਿ ਸਮਾਗਮ ਦੀ ਪ੍ਰਧਾਨਗੀ ਮਨਜੀਤ ਕੌਰ ਔਲਖ ਕਰਨਗੇ। ਮਿਤਵਾ ਦੇ ਜੀਵਨ ਬਾਰੇ ਕਹਾਣੀਕਾਰ ਦਰਸ਼ਨ ਜੋਗਾ ਵਿਚਾਰ ਕਰਨਗੇ। ਕਥਾ ਜਗਤ ਬਾਰੇ ਨਿਰੰਜਣ ਬੋਹਾ ਅਤੇ ਨਾਟਕ ਕਲਾ ਬਾਰੇ ਪ੍ਰੀਤਮ ਸਿੰਘ ਰੁਪਾਲ ਪੇਸ਼ ਕਰਨਗੇ।



ਜੈ ਤੁਲਸੀ ਅਣੂਵਰਤ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਏ ਜਾਣ ਦੀ ਤਸਵੀਰ। ਤਸਵੀਰ : ਹੇਮੰਤ ਸ਼ਰਮਾ

## ਤਿੰਨ ਰੋਜ਼ਾ ਧਾਰਮਿਕ ਸਮਾਗਮ ਅੱਜ ਤੋਂ

ਮਹਿਲ ਕਲਾਂ, 19 ਅਕਤੂਬਰ (ਅਣਖੀ)-ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ (ਬਰਨਾਲਾ) ਵਿਖੇ ਸਮੂਹ ਰਾਮਗੜ੍ਹੀਆ ਭਾਈਚਾਰੇ ਵਲੋਂ ਲੋਕਲ ਗੁਰਦੁਆਰਾ ਸਾਹਿਬ ਕਮੇਟੀ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਬਾਬਾ ਵਿਸ਼ਵਕਰਮਾ ਅਤੇ ਕਿਰਤੀ ਭਾਈ ਲਾਲੋ ਦੀ ਮਿੱਠੀ ਯਾਦ 'ਚ ਤਿੰਨ ਰੋਜ਼ਾ ਧਾਰਮਿਕ ਸਮਾਗਮ 20 ਤੋਂ 22 ਅਕਤੂਬਰ ਤੱਕ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ। ਪ੍ਰਬੰਧਕਾਂ ਅਨੁਸਾਰ ਇਸ ਸਬੰਧੀ 20 ਅਕਤੂਬਰ, ਸੋਮਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਆਰੰਭ ਕੀਤੇ ਜਾਣਗੇ ਜਿਨ੍ਹਾਂ ਦੇ ਭੋਗ 22 ਅਕਤੂਬਰ, ਬੁੱਧਵਾਰ ਨੂੰ ਸਵੇਰੇ ਸਾਢੇ 6 ਵਜੇ ਪਾਏ ਜਾਣਗੇ। ਇਸ ਸਮਾਗਮ ਸਮੇਂ ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।

# ਜੈ ਤੁਲਸੀ ਅਣੂਵਰਤ ਪਬਲਿਕ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਰਾਮਪੁਰਾ ਫੂਲ, 19 ਅਕਤੂਬਰ (ਸ਼ਰਮਾ): ਰੌਸ਼ਨੀਆਂ ਦਾ ਤਿਉਹਾਰ, ਦੀਵਾਲੀ ਜੈ ਤੁਲਸੀ ਅਣੂਵਰਤ ਸਕੂਲ, ਰਾਮਪੁਰਾ ਫੂਲ ਵਿਖੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਕੈਂਪਸ ਨੂੰ ਦੀਵਿਆਂ, ਫੁੱਲਾਂ ਅਤੇ ਰੰਗੀਨ ਰੰਗੋਲੀ ਡਿਜ਼ਾਈਨਾਂ ਨਾਲ ਸਜਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿਸ਼ੇਸ਼ ਸਵੇਰ ਦੀ ਸਭਾ ਨਾਲ ਹੋਈ ਜਿਸ ਵਿਚ ਪ੍ਰਾਰਥਨਾਵਾਂ, ਭਾਸ਼ਣ ਅਤੇ ਸੱਭਿਆਚਾਰਕ ਪ੍ਰਦਰਸ਼ਨ ਸ਼ਾਮਲ ਸਨ ਜੋ ਦੀਵਾਲੀ ਦੇ ਮਹੱਤਵ ਨੂੰ ਉਜਾਗਰ ਕਰਦੇ ਸਨ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਦੀਵੇ ਸਜਾਉਣ, ਰੰਗੋਲੀ ਬਣਾਉਣ, ਕਾਰਡ ਡਿਜ਼ਾਈਨਿੰਗ ਸਮੇਤ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਵਿਚ ਹਿੱਸਾ ਲਿਆ। ਸਕੂਲ ਪ੍ਰਿੰਸੀਪਲ ਸਮਨਪ੍ਰੀਤ ਕੌਰ ਜਟਾਣਾ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ-ਅਨੁਕੂਲ ਢੰਗ ਨਾਲ ਤਿਉਹਾਰ ਮਨਾਉਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪਟਾਕਿਆਂ ਦੀ ਬਜਾਏ ਦਿਆਲਤਾ ਅਤੇ ਹਮਦਰਦੀ ਦੁਆਰਾ ਰੌਸ਼ਨੀ ਫੈਲਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।





ਬੱਚਿਆਂ ਵਲੋਂ ਬਣਾਇਆ ਗਿਆ ਕਾਰਡ ਅਤੇ ਅਧਿਆਪਕਾਂ ਨੂੰ ਬੋਨਸ ਦਿੰਦੇ ਹੋਏ ਪ੍ਰਬੰਧਕ।

# ਦੀਵਾਲੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ

ਰਾਮਾਂ ਮੰਡੀ, 19 ਅਕਤੂਬਰ (ਸਿੰਗਲਾ)- ਐਮ.ਐਸ.ਡੀ.ਸੀਨੀਅਰ ਸੈਕੰਡਰੀ ਸਕੂਲ ਅਤੇ ਐਸ.ਐਸ.ਐਮ.ਡੀ.ਇੰਗਲਿਸ਼ ਮੀਡੀਅਮ ਸਕੂਲ ਰਾਮਾਂ ਮੰਡੀ ਵਿਖੇ ਅੱਜ ਦੀਵਾਲੀ ਦਾ ਤਿਉਹਾਰ ਧੂਮ ਧਾਮ ਨਾਲ ਮਨਾਇਆ ਗਿਆ। ਇਸ ਦੌਰਾਨ ਬੱਚਿਆਂ ਵਿਚਕਾਰ ਦੀਵੇ ਅਤੇ ਕਾਰਡ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਬੱਚਿਆਂ ਵਲੋਂ ਰਮਾਇਣ ਨਾਲ ਸਬੰਧਿਤ ਭਗਵਾਨ ਸ੍ਰੀ ਰਾਮ, ਮਾਤਾ ਸੀਤਾ ਅਤੇ ਹਨੂੰਮਾਨ ਦੀਆਂ ਸੁੰਦਰ ਝਾਕੀਆਂ ਵੀ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਸਕੂਲ ਕਮੇਟੀ ਵਲੋਂ ਸਾਰੇ ਸਟਾਫ਼ ਨੂੰ ਦੀਵਾਲੀ ਬੋਨਸ ਦਿੱਤਾ ਗਿਆ ਅਤੇ ਦੀਵਾਲੀ ਦੀ ਵਧਾਈ ਦਿੱਤੀ ਗਈ। ਸਕੂਲ ਦੇ ਪ੍ਰਿੰਸੀਪਲ ਪਰਵੀਨ ਕੁਮਾਰ ਸਿੰਗਲਾ ਅਤੇ ਇੰਗਲਿਸ਼ ਮੀਡੀਅਮ ਸਕੂਲ ਦੇ ਪ੍ਰਿੰਸੀਪਲ ਮੈਡਮ ਹਰਕਿਰਨ ਕੌਰ ਨੇ ਬੱਚਿਆਂ ਨੂੰ ਅਤੇ ਸਟਾਫ਼ ਨੂੰ ਦੀਵਾਲੀ ਦੀ ਮੁਬਾਰਕਬਾਦ ਦਿੱਤੀ।

# ਕਿਸਾਨ ਬੀਬੀਆਂ ਦੀ ਬਣਾਈ 15 ਮੈਂਬਰੀ ਕਮੇਟੀ

ਲਹਿਰਾਗਾਗਾ, 19 ਅਕਤੂਬਰ (ਅਸ਼ੋਕ ਗਰਗ) - ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਲਹਿਰਾਗਾਗਾ ਵਲੋਂ ਪਿੰਡ ਲਹਿਲ ਕਲਾਂ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਇਕਾਈ ਦੀ ਮੀਟਿੰਗ ਕਰਵਾਈ ਗਈ, ਇਸ ਮੀਟਿੰਗ ਵਿਚ ਪਿੰਡ ਦੇ ਆਮ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ ਵੱਡੇ ਗਿਣਤੀ ਵਿਚ ਕਿਸਾਨ ਬੀਬੀਆਂ ਸ਼ਾਮਿਲ ਹੋਈਆਂ, ਮੀਟਿੰਗ ਵਿਚ ਹੜ ਪੀੜਤਾਂ ਵਾਸਤੇ ਪਿੰਡ ਵਿਚੋਂ ਇਕੱਠੇ ਕਰੇ ਗਏ ਸੂਟ, ਬਿਸਤਰੇ ਅਤੇ ਨਗਦ ਰਾਸ਼ੀ ਦਾ ਹਿਸਾਬ ਇਕਾਈ ਲਹਿਲ ਕਲਾਂ ਵਲੋਂ ਸਮੂਹ ਪਿੰਡ ਨੂੰ ਦਿੱਤਾ ਗਿਆ, ਮੀਟਿੰਗ ਵਿਚ ਪਿੰਡ ਦੇ ਲੋਕਾਂ ਦੇ ਸਾਥ ਨਾਲ ਕਿਸਾਨ ਬੀਬੀਆਂ ਦੀ ਨਵੀਂ ਇਕਾਈ ਦੀ ਚੋਣ ਕੀਤੀ ਗਈ, ਜਿਸ ਵਿਚ 15 ਕਿਸਾਨ ਬੀਬੀਆਂ ਨੂੰ ਮੈਂਬਰ ਬਣਾਇਆ ਗਿਆ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਲਹਿਰਾਗਾਗਾ ਦੇ ਕਾਰਜਕਾਰੀ ਪ੍ਰਧਾਨ ਗੁਰਪ੍ਰੀਤ ਸਿੰਘ ਸੰਗਤਪੁਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਉਗਰਾਹਾਂ ਜਥੇਬੰਦੀ ਵਲੋਂ ਹਮੇਸ਼ਾ ਹੀ ਕਿਸਾਨ ਬੀਬੀਆਂ ਨੂੰ ਬਹੁਤ ਮਾਣ ਸਤਿਕਾਰ ਦਿੱਤਾ ਜਾਂਦਾ ਹੈ, ਕਿਉਂਕਿ ਕਿਸਾਨੀ ਦੇ ਦਿੱਲੀ ਘੋਲ ਵਿਚ ਔਰਤਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ ਹੈ। ਪਿਛਲੇ ਸਮੇਂ ਤੋਂ ਪਿੰਡ ਵਿੱਚ ਕਿਸਾਨ ਬੀਬੀਆਂ ਦੀ ਇਕਾਈ ਵਿੱਚ ਕੰਮ ਕਰਦੀਆਂ ਕਿਸਾਨ ਬੀਬੀਆਂ ਕਿਸੇ ਹੋਰ ਜਥੇਬੰਦੀ ਵਿੱਚ ਚਲੀਆਂ ਗਈਆਂ ਸਨ, ਅੱਜ ਪਿੰਡ ਦੇ ਸਹਿਯੋਗ ਸਦਕਾ ਦੁਬਾਰਾ ਪਿੰਡ ਵਿਚ ਕਿਸਾਨ ਬੀਬੀਆਂ ਦੀ 15 ਮੈਂਬਰੀ ਕਮੇਟੀ ਗਠਿਤ ਕੀਤੀ ਗਈ, ਕਿਸਾਨ ਬੀਬੀਆਂ ਵਲੋਂ ਆਗੂਆਂ ਨੂੰ ਭਰੋਸਾ ਦਵਾਇਆ ਗਿਆ ਕਿ ਹਰ ਪ੍ਰੋਗਰਾਮ ਵਿਚ ਇਹ ਕਿਸਾਨ ਬੀਬੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਣਗੀਆਂ।

# ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਪਿੱਥੋ ਦੀ ਵਿਦਿਆਰਥਣ ਦਾ ਸਟੇਟ ਪੱਧਰ ਦੇ ਟੂਰਨਾਮੈਂਟ 'ਚ ਸ਼ਾਨਦਾਰ ਪ੍ਰਦਰਸ਼ਨ

ਰਾਮਪੁਰਾ ਫੂਲ, 19 ਅਕਤੂਬਰ (ਹੇਮੰਤ ਕੁਮਾਰ ਸ਼ਰਮਾ): ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪਿੱਥੋ ਦੇ ਬੱਚਿਆਂ ਨੇ ਕਬੱਡੀ ਨੈਸ਼ਨਲ ਸਟਾਈਲ ਲੜਕੀਆਂ ਅੰਡਰ 14 ਦੀ ਜੋ ਪਿਛਲੇ ਦਿਨੀਂ ਸਟੇਟ ਮਾਨਸਾ ਵਿਖੇ ਹੋਈ, ਵਿਚ ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਪਿੱਥੋ ਦੀ ਵਿਦਿਆਰਥਣ ਯਸ਼ਪ੍ਰੀਤ ਕੌਰ ਪੁੱਤਰੀ ਧਰਮਵੀਰ ਸਿੰਘ ਪਿੰਡ ਗਿੱਲ ਕਲਾਂ ਨੇ ਸਟੇਟ ਪੱਧਰ ਦੇ ਟੂਰਨਾਮੈਂਟ ਵਿਚੋਂ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਟੀਚਾ ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਵਿਚ ਖੇਡ ਭਾਵਨਾ ਪੈਦਾ ਕਰਨਾ ਵੀ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਿਸਿਜ਼ ਪਰਵਿੰਦਰ ਕੌਰ, ਸਕੂਲ ਪ੍ਰਬੰਧਕ ਮਿਸਿਜ਼ ਪਰਮਜੀਤ ਕੌਰ ਅਤੇ ਚੇਅਰਮੈਨ ਦਰਸ਼ਨ ਸਿੰਘ ਨੇ ਵਿਦਿਆਰਥਣ ਦੀ ਪ੍ਰਤਿਭਾ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਵੱਖ-ਵੱਖ ਖੇਡਾਂ ਮੁਕਾਬਲਿਆਂ ਵਿਚ ਭਾਗ ਲੈਣ ਨਾਲ ਬੱਚਿਆਂ ਵਿਚ ਸਿੱਖਣ ਦੀ ਰੁਚੀ ਵਧਦੀ ਹੈ ਅਤੇ ਉਹ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਦੇ ਹਨ। ਪ੍ਰਿੰਸੀਪਲ ਮਿਸਿਜ਼ ਪਰਵਿੰਦਰ ਕੌਰ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਨੂੰ ਵੀ ਮਜ਼ਬੂਤ ਕਰਦੀਆਂ ਹਨ। ਖੇਡ ਮੁਕਾਬਲਿਆਂ ਵਿਚ ਜੇਤੂ ਵਿਦਿਆਰਥੀਆਂ ਨੂੰ ਮੈਡਲ ਅਤੇ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਰੇ ਵਿਦਿਆਰਥੀਆਂ ਨੂੰ ਖੇਡਾਂ ਵਿਚ ਭਾਗ ਲੈ ਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ ਗਿਆ।



ਸ੍ਰੀ ਗੁਰੂ ਹਰਿਗੋਬਿੰਦ ਸਕੂਲ ਦੀ ਖੇਡ ਮੁਕਾਬਲੇ ਵਿਚ ਜੇਤੂ ਵਿਦਿਆਰਥਣ।





ਸਿਲਵਰ ਓਕਸ ਸਕੂਲ ਵਿਖੇ ਧਨਤੇਰਸ ਪੂਜਾ ਕਰਨ ਸਮੇਂ ਸਕੂਲ ਮੈਨੇਜਮੈਂਟ, ਸਟਾਫ਼ ਤੇ ਪ੍ਰਧਾਨ ਸਰੂਪ ਚੰਦ ਸਿੰਗਲਾ। ਅਜੀਤ ਤਸਵੀਰ

# ਸਿਲਵਰ ਓਕਸ ਸਕੂਲ ਵੱਲੋਂ ਉਤਸ਼ਾਹ ਨਾਲ ਮਨਾਈ ਦੀਵਾਲੀ

ਬਠਿੰਡਾ, 19 ਅਕਤੂਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ)- ਸਿਲਵਰ ਓਕਸ ਸਕੂਲ ਦੀਆਂ ਸਾਰੀਆਂ ਸ਼ਾਖਾਵਾਂ ਵਿਚ ਰੌਸ਼ਨੀਆਂ ਦਾ ਤਿਉਹਾਰ 'ਦੀਵਾਲੀ' ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਵਿਦਿਆਰਥੀਆਂ ਲਈ ਆਯੋਜਿਤ ਵੱਖ-ਵੱਖ ਗਤੀਵਿਧੀਆਂ ਵਿਚ ਰਚਨਾਤਮਿਕਤਾ, ਵਾਤਾਵਰਨ ਚੇਤਨਾ ਅਤੇ ਸਭਿਆਚਾਰਕ ਵਿਰਾਸਤ ਨੂੰ ਉਤਸ਼ਾਹਿਤ ਕਰਨ ਲਈ ਸਕੂਲ ਦੀ ਵਚਨਬੱਧਤਾ ਸਪੱਸ਼ਟ ਸੀ। ਸੁਸ਼ਾਂਤ ਸਿਟੀ-2 ਸਥਿਤ ਸਕੂਲ ਵਿਚ ਵਿਦਿਆਰਥੀਆਂ ਨੇ ਦੀਵਾ ਸਜਾਵਟ, ਰੰਗੋਲੀ ਬਣਾਉਣਾ, ਸਵੀਟਸ ਵਿਦ ਫਾਇਰ' ਅਤੇ ਬੈਸਟ ਆਊਟ ਆਫ਼ ਵੇਸਟ ਵਰਗੇ ਮੁਕਾਬਲਿਆਂ ਵਿਚ ਹਿੱਸਾ ਲਿਆ। ਸਕੂਲ ਨੇ ਤਿਉਹਾਰ ਨਾਲ ਵਿਦਿਆਰਥੀਆਂ ਦੇ ਸੰਬੰਧਾਂ ਨੂੰ ਡੂੰਘਾ ਕਰਨ ਲਈ ਵਰਕਸ਼ਾਪਾਂ ਅਤੇ ਗਤੀਵਿਧੀਆਂ ਦਾ ਆਯੋਜਨ ਕੀਤਾ, ਜਿਸ ਵਿਚ ਦੀਵੇ ਅਤੇ ਮੋਮਬੱਤੀ ਬਣਾਉਣਾ ਸ਼ਾਮਲ ਸਨ। ਡੱਬਵਾਲੀ ਰੋਡ ਸਥਿਤ ਸਕੂਲ ਵਿਚ ਥਾਲੀ ਅਤੇ ਦੀਵਾ ਸਜਾਵਟ ਅਤੇ ਮੋਲਡਿਟ ਕਲੇਅ, ਕਲੇਅ ਮੋਲਡਿੰਗ ਮੁਕਾਬਲੇ ਅਤੇ ਟੀ ਲਾਈਟ ਹੋਲਡਰਜ਼ ਵਰਗੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ। ਇਨ੍ਹਾਂ ਮੁਕਾਬਲਿਆਂ ਵਿਚ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਦੋਵਾਂ ਸ਼ਾਖਾਵਾਂ ਵਿਚ ਇਕ ਰਵਾਇਤੀ ਦੀਵਾਲੀ ਅਤੇ ਧਨਤੇਰਸ ਪੂਜਾ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਪ੍ਰਧਾਨ ਸਰੂਪ ਚੰਦ ਸਿੰਗਲਾ, ਡਾਇਰੈਕਟਰ ਸ਼੍ਰੀਮਤੀ ਬਰਿੰਦਰ ਪਾਲ ਸੇਖੋਂ ਅਤੇ ਦੀਨਵ ਸਿੰਗਲਾ ਨੇ ਸ਼ਮੂਲੀਅਤ ਕੀਤੀ ਅਤੇ ਸਾਰੀਆਂ ਨੂੰ ਦੀਵਾਲੀ ਦੀ ਵਧਾਈ ਦਿੱਤੀ। ਰਾਮਪੁਰਾ ਰੋਡ ਸ਼ਾਖਾ ਵਿਖੇ ਦੀਵਾਲੀ ਪੂਜਾ ਅਤੇ ਵੱਖ-ਵੱਖ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਸਿਲਵਰ ਓਕਸ ਸਕੂਲ ਦੇ ਪ੍ਰਬੰਧਕਾਂ ਅਤੇ ਸਟਾਫ਼ ਨੇ ਸਾਰੇ ਵਿਦਿਆਰਥੀਆਂ, ਮਾਪਿਆਂ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ।

# ਕਬੱਡੀ ਲੀਗ ਭੈਣੀ ਬਾਹੀਆ ਵਿਖੇ ਸ਼ਾਨਦਾਰ ਢੰਗ ਨਾਲ ਸੰਪੰਨ

### ਰਾਮਪੁਰਾ ਤੇ ਕਲਿਆਣ ਸੁੱਖਾ ਦੀਆਂ ਟੀਮਾਂ ਰਹੀਆਂ ਸਿਖਰ 'ਤੇ

ਮਹਿਰਾਜ, 19 ਅਕਤੂਬਰ (ਸੁਖਪਾਲ ਮਹਿਰਾਜ): ਬਠਿੰਡਾ ਦੇ ਬੈਨਰ ਹੇਠ ਪਿੰਡ ਭੈਣੀ ਬਾਹੀਆ ਵਿਖੇ ਕਬੱਡੀ ਲੀਗ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਵਿਚ ਪਿੰਡ ਨਿਰੋਲ ਸਮੇਤ ਇਲਾਕੇ ਦੇ ਕਈ ਪਿੰਡਾਂ ਦੀਆਂ ਟੀਮਾਂ ਨੇ ਭਾਗ ਲਿਆ। ਮੁਕਾਬਲਿਆਂ ਵਿਚ ਲੜਕਿਆਂ ਦੀਆਂ ਲੱਗਭਗ 47 ਅਤੇ ਲੜਕੀਆਂ ਦੀਆਂ 18 ਟੀਮਾਂ ਨੇ ਭਾਗ ਲਿਆ। ਲੜਕਿਆਂ ਦੇ ਵਿਭਾਗ ਵਿਚ ਰਾਮਪੁਰਾ ਦੀ ਟੀਮ ਪਹਿਲੇ ਸਥਾਨ 'ਤੇ ਰਹੀ ਜਦਕਿ ਦੂਜਾ ਸਥਾਨ ਭੈਣੀ ਬਾਹੀਆ ਨੇ ਹਾਸਲ ਕੀਤਾ। ਬੈੱਸਟ ਜਾਫੀ ਦਾ ਖ਼ਿਤਾਬ ਅਮਰੀਕ (ਰਾਮਪੁਰਾ) ਨੂੰ ਤੇ ਬੈੱਸਟ ਰੇਡਰ ਕਰੰਟ (ਰਾਮਪੁਰਾ) ਨੂੰ ਮਿਲਿਆ। ਲੜਕੀਆਂ ਦੇ ਮੁਕਾਬਲਿਆਂ ਵਿਚ ਕਲਿਆਣ ਸੁੱਖਾ ਦੀ ਟੀਮ ਪਹਿਲੇ ਸਥਾਨ 'ਤੇ ਰਹੀ, ਜਦਕਿ ਭੁੱਚੋ ਕਲਾ ਦੀ ਟੀਮ ਦੂਜੇ ਸਥਾਨ 'ਤੇ ਰਹੀ। ਬੈੱਸਟ ਰੇਡਰ ਪਰਮ (ਕਲਿਆਣ ਸੁੱਖਾ) ਅਤੇ ਬੈੱਸਟ ਜਾਫੀ ਜਸੂ (ਕਲਿਆਣ ਸੁੱਖਾ) ਚੁਣੀਆਂ ਗਈਆਂ। ਸਾਰੇ ਮੁਕਾਬਲੇ ਬਹੁਤ ਹੀ ਜੋਸ਼ ਤੇ ਖ਼ੁਸ਼ੀ ਦੇ ਮਾਹੌਲ ਵਿਚ ਕਰਵਾਏ ਗਏ। ਭੈਣੀ ਬਾਹੀਆ ਦੀ ਕਮੇਟੀ ਅਤੇ ਪਿੰਡ ਵਾਸੀਆਂ ਵਲੋਂ ਬਹੁਤ ਹੀ ਵਧੀਆ ਉਪਰਾਲਾ ਕੀਤਾ ਗਿਆ, ਜਿਸ ਲਈ ਸਭ ਦਾ ਧੰਨਵਾਦ ਕੀਤਾ ਗਿਆ।

# ਬਲਵਿੰਦਰ ਸਿੰਘ ਭੂੰਦੜ ਦੇ ਭਰਾ ਦੇ ਦਿਹਾਂਤ 'ਤੇ ਵੱਖ-ਵੱਖ ਆਗੂਆਂ ਵਲੋਂ ਦੁੱਖ ਪ੍ਰਗਟ

ਮਾਨਸਾ, 19 ਅਕਤੂਬਰ (ਧਾਲੀਵਾਲ)- ਸ਼੍ਰੋਮਣੀ ਅਕਾਲੀ ਦਲ ਦੇ ਸਕੱਤਰ ਜਨਰਲ ਬਲਵਿੰਦਰ ਸਿੰਘ ਭੂੰਦੜ ਦੇ ਛੋਟੇ ਭਰਾ ਭਾਗ ਸਿੰਘ ਭੂੰਦੜ (76) ਦੇ ਦਿਹਾਂਤ 'ਤੇ ਵੱਖ-ਵੱਖ ਰਾਜਸੀ ਪਾਰਟੀ ਦੇ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਜ਼ਾਹਿਰ ਕੀਤੀ ਹੈ। ਉਹ ਪਿੰਡ ਦੇ ਮੌਜੂਦਾ ਨੰਬਰਦਾਰ ਤੇ ਸਾਬਕਾ ਸਰਪੰਚ ਸਨ, ਜੋ ਟਰੱਕ ਯੂਨੀਅਨ ਸਰਦੂਲਗੜ੍ਹ ਦੇ ਪ੍ਰਧਾਨ ਵੀ ਰਹੇ। ਲੰਘੇ ਦਿਨ ਉਨ੍ਹਾਂ ਦਾ ਅਚਾਨਕ ਦਿਹਾਂਤ ਹੋ ਗਿਆ ਸੀ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਲੋਕ ਸਭਾ ਹਲਕਾ ਬਠਿੰਡਾ ਤੋਂ ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ, ਸਾਬਕਾ ਲੋਕ ਸਭਾ ਮੈਂਬਰ ਜਗਮੀਤ ਸਿੰਘ ਬਰਾੜ, ਭਾਜਪਾ ਆਗੂ ਤੇ ਸਾਬਕਾ ਮੁੱਖ ਸੰਸਦੀ ਸਕੱਤਰ ਜਗਦੀਪ ਸਿੰਘ ਨਕੱਈ, ਸੀਨੀਅਰ ਕਾਂਗਰਸ ਆਗੂ ਤੇ ਸਾਬਕਾ ਵਿਧਾਇਕ ਅਜੀਤਇੰਦਰ ਸਿੰਘ ਮੋਫ਼ਰ, ਹਲਕਾ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਕਿਹਾ ਕਿ ਭੂੰਦੜ ਪਰਿਵਾਰ ਦਾ ਸਮਾਜ ਤੇ ਪੰਜਾਬ ਦੀ ਰਾਜਨੀਤੀ ਲਈ ਵੱਡਾ ਯੋਗਦਾਨ ਹੈ ਜਦਕਿ ਨਰਮ ਸੁਭਾਅ ਦੇ ਮਾਲਕ ਭਾਗ ਸਿੰਘ ਲੋਕਾਂ ਨਾਲ ਨੇੜਿਉਂ ਵਿਚਰਨ ਵਾਲੇ ਇਨਸਾਨ ਸਨ, ਦੇ ਦਿਹਾਂਤ ਨਾਲ ਪਰਿਵਾਰ ਤੋਂ ਇਲਾਵਾ ਇਲਾਕੇ ਨੂੰ ਵੱਡਾ ਘਾਟਾ ਪਿਆ ਹੈ।



ਭਾਗ ਸਿੰਘ ਭੂੰਦੜ



ਪਿੰਗਲਵਾੜਾ ਤੇ ਬਿਰਧ ਆਸ਼ਰਮ ਕਮੇਟੀ ਬੁਢਲਾਡਾ ਦੇ ਅਹੁਦੇਦਾਰਾਂ ਨਾਲ ਰੋਟਰੀ ਕਲੱਬ ਦੇ ਆਗੂ। ਤਸਵੀਰ : ਟੋਨੀ ਬੁਢਲਾਡਾ

# ਰੋਟਰੀ ਕਲੱਬ ਦੇ ਅਹੁਦੇਦਾਰਾਂ ਨੇ ਪਿੰਗਲਵਾੜਾ ਦੇ ਮੰਦਬੁੱਧੀ ਵਿਅਕਤੀਆਂ ਨਾਲ ਦੀਵਾਲੀ ਮਨਾਈ

ਬੁਢਲਾਡਾ, 19 ਅਕਤੂਬਰ (ਸਵਰਨ ਸਿੰਘ ਰਾਹੀ)- ਰੋਟਰੀ ਕਲੱਬ ਬੁਢਲਾਡਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਵਲੋਂ ਸਥਾਨਕ ਪਿੰਗਲਵਾੜਾ ਅਵਧੂਤ ਆਸ਼ਰਮ ਵਿਖੇ ਇਥੋਂ ਦੇ ਮੰਦਬੁੱਧੀ ਵਿਅਕਤੀਆਂ ਨਾਲ ਦੀਵਾਲੀ ਦਾ ਤਿਉਹਾਰ ਮਨਾਉਂਦਿਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਪਿੰਗਲਵਾੜਾ ਅਤੇ ਬਿਰਧ ਆਸ਼ਰਮ ਕਮੇਟੀ ਦੇ ਸਰਪ੍ਰਸਤ ਕੇਵਲ ਕ੍ਰਿਸ਼ਨ ਅਤੇ ਪ੍ਰਧਾਨ ਰਤਨ ਲਾਲ ਅਤੇ ਹੋਰ ਅਹੁਦੇਦਾਰਾਂ ਨੇ ਰੋਟਰੀ ਕਲੱਬ ਦੇ ਆਗੂ ਡਾਕਟਰ ਪਵਨ ਕੁਮਾਰ ਗਰਗ, ਹਰਬੰਸ ਸਿੰਘ ਪਟਵਾਰੀ, ਸੁਖਵਿੰਦਰ ਸਿੰਘ ਪਟਵਾਰੀ, ਸੁਖਦਰਸ਼ਨ ਸ਼ਰਮਾ, ਪ੍ਰਿੰਸੀਪਲ ਵਿਜੇ ਕੁਮਾਰ, ਯਸ਼ਪਾਲ ਗਰਗ ਅਤੇ ਹੋਰਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਭ ਨਾਂ ਸ਼ਹਿਰ ਵਾਸੀਆਂ ਨੂੰ ਪਿੰਗਲਵਾੜੇ ਦੇ ਮੰਦ ਬੁੱਧੀ ਵਿਅਕਤੀਆਂ ਨਾਲ ਤਿਉਹਾਰਾਂ ਦੀਆਂ ਖ਼ੁਸ਼ੀਆਂ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ। ਇਸ ਮੌਕੇ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਐਡਵੋਕੇਟ ਗੁਰਚਰਨ ਸਿੰਘ ਅਨੇਜਾ, ਸੁਭਾਸ਼ ਚੰਦ ਬਾਂਸਲ, ਰਮੇਸ਼ ਕੁਮਾਰ, ਭਾਰਤ ਭੂਸ਼ਣ, ਓਮ ਪ੍ਰਕਾਸ਼ ਅਹਿਮਦਪੁਰ, ਦੇਸ ਰਾਜ ਆਦਿ ਹਾਜ਼ਰ ਸਨ।

## ਜਨਮ ਦਿਨ ਮੁਬਾਰਕ



ਅਰਵਨ ਸਿੰਘ ਮਾਹਲ (ਆਸਟ੍ਰੇਲੀਆ)
ਪਿਤਾ: ਗੁਰਪ੍ਰੀਤ ਸਿੰਘ ਮਾਹਲ
ਮਾਤਾ: ਸੁਖਵਿੰਦਰ ਕੌਰ

## ਡਾ. ਸਿੱਧੂ ਨੇ ਮੁੱਖ ਖੇਤੀਬਾੜੀ ਅਫ਼ਸਰ ਵਜੋਂ ਸੰਭਾਲਿਆ ਚਾਰਜ

ਬਠਿੰਡਾ, 19 ਅਕਤੂਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ): ਡਾ. ਹਰਬੰਸ ਸਿੰਘ ਸਿੱਧੂ ਨੇ ਅੱਜ ਮੁੱਖ ਖੇਤੀਬਾੜੀ ਅਫ਼ਸਰ ਬਠਿੰਡਾ ਵਜੋਂ ਆਪਣਾ ਚਾਰਜ ਸੰਭਾਲ ਲਿਆ। ਇਸ ਤੋਂ ਪਹਿਲਾਂ ਡਾ. ਸਿੱਧੂ ਬਤੌਰ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਵਿਖੇ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਰਹੇ ਸਨ। ਇਸ ਮੌਕੇ ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵਲੋਂ ਸਿੱਧਾ ਕਿਸਾਨਾਂ ਨਾਲ ਰਾਬਤਾ ਕਾਇਮ ਬਰਕਰਾਰ ਰੱਖਿਆ ਜਾਵੇਗਾ, ਤਾਂ ਜੋ ਉਨ੍ਹਾਂ ਨੂੰ ਖੇਤੀ ਨਾਲ ਸੰਬੰਧਿਤ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨਾ ਆਵੇ।



ਡਾ. ਹਰਬੰਸ ਸਿੰਘ ਸਿੱਧੂ



ਸ਼ਿਵਾਲਿਕ ਹਿੱਲਜ਼ ਪਬਲਿਕ ਸਕੂਲ ਵਿਖੇ ਅਧਿਆਪਕ-ਮਾਪੇ ਮੀਟਿੰਗ ਦੌਰਾਨ ਦੀ ਤਸਵੀਰ। ਤਸਵੀਰ : ਹੇਮੰਤ ਸ਼ਰਮਾ

# ਸ਼ਿਵਾਲਿਕ ਹਿੱਲਜ਼ ਪਬਲਿਕ ਸਕੂਲ ਵਿਚ ਅਧਿਆਪਕ-ਮਾਪੇ ਮੀਟਿੰਗ

ਰਾਮਪੁਰਾ ਫੂਲ, 19 ਅਕਤੂਬਰ (ਹੇਮੰਤ ਕੁਮਾਰ ਸ਼ਰਮਾ): ਸੀ.ਬੀ.ਐੱਸ.ਈ. ਨਵੀ ਦਿੱਲੀ ਤੋਂ ਬਾਰ੍ਹਵੀਂ ਤੱਕ ਮਾਨਤਾ ਪ੍ਰਾਪਤ ਸ਼ਿਵਾਲਿਕ ਹਿੱਲਜ਼ ਪਬਲਿਕ ਸਕੂਲ ਰਾਮਪੁਰਾ ਫੂਲ ਆਪਣੀਆਂ ਵੱਖ-ਵੱਖ ਗਤੀਵਿਧੀਆਂ ਲਈ ਹਮੇਸ਼ਾ ਸਭ ਤੋਂ ਅੱਗੇ ਰਹਿੰਦਾ ਹੈ। ਅੱਜ ਸਕੂਲ ਵਿਚ ਟਰਮ ਪਹਿਲੀ ਦੀ ਪ੍ਰੀਖਿਆ ਦੇ ਨਤੀਜੇ ਸਮੇਂ ਮਾਪਿਆਂ ਦੇ ਆਉਣ ਦਾ ਨਿੱਘਾ ਸਵਾਗਤ ਕੀਤਾ ਗਿਆ । ਇਸ ਮੌਕੇ ਵਿਦਿਆਰਥੀ ਦੀ ਹਰ ਇੱਕ ਵਿਸ਼ੇ ਸੰਬੰਧੀ ਚਰਚਾ ਕੀਤੀ ਗਈ। ਸਕੂਲ ਦੇ ਚੇਅਰਮੈਨ ਗਗਨਦੀਪ ਸ਼ਰਮਾ ਅਤੇ ਮੈਡਮ ਆਕਾਸ਼ਦੀਪ ਸ਼ਰਮਾ ਨੇ ਵਿਦਿਆਰਥੀਆਂ ਦੇ ਵਿੱਦਿਅਕ ਖੇਤਰ ਦੇ ਨਾਲ-ਨਾਲ ਸਮਾਜਿਕ ਪੱਖ ਦੀ ਵੀ ਘੋਖ ਕੀਤੀ, ਕਿ ਬੱਚੇ ਦਾ ਆਪਣੇ ਮਾਤਾ-ਪਿਤਾ ਅਤੇ ਦੂਸਰਿਆਂ ਨਾਲ ਵਿਵਹਾਰ ਕਿਸ ਤਰ੍ਹਾਂ ਦਾ ਹੈ, ਕਿਉਂਕਿ ਪੜ੍ਹਾਈ ਦੇ ਨਾਲ-ਨਾਲ ਬੱਚਿਆਂ ਵਿਚ ਨੈਤਿਕ ਕਦਰਾਂ-ਕੀਮਤਾਂ ਦਾ ਹੋਣਾ ਵੀ ਬਹੁਤ ਜ਼ਰੂਰੀ ਹੈ । ਸਕੂਲ ਦੇ ਪ੍ਰਿੰਸੀਪਲ ਮੈਡਮ ਰਵਿੰਦਰਪਾਲ ਨੇ ਅੱਵਲ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਅੱਜ ਤੁਸੀਂ ਮਿਹਨਤ, ਲਗਨ ਕਾਰਨ ਆਪਣੇ ਸਕੂਲ ਅਤੇ ਮਾਤਾ-ਪਿਤਾ ਦਾ ਨਾਂ ਰੌਸ਼ਨ ਕੀਤਾ ਹੈ, ਤੁਸੀਂ ਦੇਸ਼ ਦੇ ਭਵਿੱਖ ਨੂੰ ਸਵਾਰਨਾ ਹੈ। ਤੁਸੀਂ ਦੇਸ਼ ਦੀ ਤਰੱਕੀ, ਉੱਨਤੀ ਵਿਚ ਅਹਿਮ ਸਥਾਨ ਰੱਖਦੇ ਹੋ। ਤੁਹਾਡੀ ਮਿਹਨਤ, ਲਗਨ ਸਦਕਾ ਹੀ ਤੁਸੀਂ ਆਪਣੀਆਂ ਮੰਜ਼ਿਲਾਂ ਸਰ ਕਰ ਜਾਉਗੇ ਤੇ ਦੂਸਰਿਆਂ ਲਈ ਚਾਨਣ ਮੁਨਾਰਾ ਸਿੱਧ ਹੋ ਸਕਦੇ ਹੋ।



ਨਹਿਰੂ ਕਾਲਜ ਮਾਨਸਾ ਵਿਖੇ ਕਰਵਾਏ ਸੈਮੀਨਾਰ 'ਚ ਭਾਗ ਲੈਣ ਵਾਲੇ ਵਿਦਿਆਰਥੀ ਪ੍ਰਬੰਧਕਾਂ ਨਾਲ। ਅਜੀਤ ਤਸਵੀਰ

# ਨਹਿਰੂ ਕਾਲਜ ਵਿਖੇ ਐਂਟਰਪ੍ਰਿਨਿਉਰਸ਼ਿਪ ਵਿਸ਼ੇ 'ਤੇ ਸੈਮੀਨਾਰ ਕਰਵਾਇਆ

ਮਾਨਸਾ, 19 ਅਕਤੂਬਰ (ਸੱਭਿ.ਪ੍ਰਤੀ)- ਸਥਾਨਕ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਵਿਖੇ ਕਾਮਰਸ ਵਿਭਾਗ ਵਲੋਂ ਐਂਟਰਪ੍ਰਿਨਿਉਰਸ਼ਿਪ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਪ੍ਰਿੰਸੀਪਲ ਡਾ. ਹਰਦੀਪ ਸਿੰਘ ਨੇ ਕਿਹਾ ਕਿ ਇਹ ਕੋਰਸ ਵਿਦਿਆਰਥੀਆਂ ਵਿਚ ਆਤਮ ਵਿਸ਼ਵਾਸ, ਨਵੀਨਤਾ ਅਤੇ ਲੀਡਰਸ਼ਿਪ ਦੀ ਭਾਵਨਾ ਪੈਦਾ ਕਰਦਾ ਹੈ। ਨੋਡਲ ਅਫ਼ਸਰ ਡਾ. ਹਿਮਾਂਸ਼ੂ ਸਿੰਗਲਾ ਨੇ ਦੱਸਿਆ ਕਿ ਇਸ ਕੋਰਸ ਵਿਚ ਰਜਿਸਟਰ ਹੋਏ ਵਿਦਿਆਰਥੀਆਂ ਨੇ ਹੁਣ ਤੱਕ 85 ਹਜ਼ਾਰ ਰੁਪਏ ਦਾ ਰੈਵੀਨਿਊ ਪੈਦਾ ਕਰਕੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਿਤ ਕਾਲਜਾਂ 'ਚੋਂ 6ਵਾਂ ਸਥਾਨ ਹਾਸਲ ਕੀਤਾ ਹੈ, ਜੋ ਕਾਲਜ ਲਈ ਮਾਣ ਦੀ ਗੱਲ ਹੈ। ਇਸ ਮੌਕੇ ਡਾ. ਅਵਿਨਾਸ਼ ਕੁਮਾਰ ਅਤੇ ਪ੍ਰੋ. ਸ਼ੈਰੀ ਆਦਿ ਹਾਜ਼ਰ ਸਨ।



ਭਾਜਪਾ 'ਚ ਸ਼ਾਮਿਲ ਹੋਣ ਵਾਲੇ ਪਰਿਵਾਰ ਪਾਰਟੀ ਆਗੂ ਪਰਿਵਾਰ ਕਾਕਾ ਅਮਰਿੰਦਰ ਸਿੰਘ ਦਾਤੇਵਾਸ ਨਾਲ। ਤਸਵੀਰ : ਪਾਲ ਸਿੰਘ ਮੰਡੇਰ

# ਬਰੇਟਾ ਦੇ ਕਈ ਪਰਿਵਾਰ ਹੋਏ ਭਾਰਤੀ ਜਨਤਾ ਪਾਰਟੀ 'ਚ ਸ਼ਾਮਿਲ

ਬਰੇਟਾ, 19 ਅਕਤੂਬਰ (ਪਾਲ ਸਿੰਘ ਮੰਡੇਰ)- ਕੇਂਦਰ ਦੀ ਮੋਦੀ ਸਰਕਾਰ ਦੀ ਦੇਸ਼ ਭਰ ਵਿਚ ਦਿਨੋ-ਦਿਨ ਵਧ ਰਹੀ ਲੋਕਪ੍ਰਿਯਤਾ ਨੂੰ ਲੈ ਕੇ ਪੰਜਾਬ ਵਿਚ ਭਾਜਪਾ ਦੇ ਹੱਕ 'ਚ ਲਹਿਰ ਬਣਨ ਲੱਗੀ ਹੈ, ਪੰਜਾਬ ਦੇ ਲੋਕਾਂ ਨੂੰ ਆਸ ਬੱਝੀ ਹੈ ਕਿ ਭਾਜਪਾ ਹੀ ਪੰਜਾਬ ਨੂੰ ਆਰਥਿਕ ਸੰਕਟ ਵਿੱਚੋਂ ਕੱਢ ਕੇ ਪੰਜਾਬ ਨੂੰ ਖ਼ੁਸ਼ਹਾਲ ਬਣਾ ਸਕਦੀ ਹੈ। ਇਹ ਪ੍ਰਗਟਾਵਾ ਭਾਜਪਾ ਜ਼ਿਲ੍ਹਾ ਮਾਨਸਾ ਦੇ ਸੀਨੀਅਰ ਮੀਤ ਪ੍ਰਧਾਨ ਕਾਕਾ ਅਮਰਿੰਦਰ ਸਿੰਘ ਦਾਤੇਵਾਸ ਨੇ ਬਰੇਟਾ ਦੇ ਵਾਰਡ ਨੰ: 8 ਅਤੇ 9 ਦੇ ਦਰਜਨਾਂ ਲੋਕਾਂ ਨੂੰ ਭਾਜਪਾ ਵਿਚ ਸ਼ਾਮਿਲ ਕਰਨ ਮੌਕੇ ਕੀਤਾ। ਪਾਰਟੀ ਵਿਚ ਸ਼ਾਮਿਲ ਹੋਣ ਵਾਲਿਆਂ ਵਿਚ ਮੈਂਬਰ ਭੋਲਾ ਸਿੰਘ, ਮੇਜਰ ਸਿੰਘ, ਜੱਗਾ ਸਿੰਘ, ਨਾਜਰ ਸਿੰਘ, ਦਰਸ਼ਨ ਸਿੰਘ, ਗੁਰਜੰਟ ਸਿੰਘ, ਜੇਠੂ ਸਿੰਘ, ਗੁਰਪਾਲ ਸਿੰਘ, ਲੀਲਾ ਸਿੰਘ ਆਦਿ ਸਨ। ਗੱਲਬਾਤ ਕਰਦਿਆਂ ਦਾਤੇਵਾਸ ਨੇ ਕਿਹਾ ਕਿ ਜੋ ਪੰਜਾਬ ਵਿਚ ਸੜਕਾਂ ਬਣ ਰਹੀਆਂ ਹਨ, ਉਸ ਨਾਲ ਸੂਬੇ ਦੇ ਵਪਾਰ ਵਿਚ ਵੱਡਾ ਵਾਧਾ ਹੋਵੇਗਾ। ਇਸ ਮੌਕੇ ਅਮਨਦੀਪ ਗੁਰੂ ਵੀ ਹਾਜ਼ਰ ਸਨ।

# ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਦੀਵਾਲੀ ਮੌਕੇ ਪਟਾਕੇ ਨਾ ਚਲਾਉਣ ਬਾਰੇ ਜਾਗਰੂਕਤਾ ਪ੍ਰੋਗਰਾਮ

ਮਹਿਲ ਕਲਾਂ, 19 ਅਕਤੂਬਰ (ਅਵਤਾਰ ਸਿੰਘ ਅਣਖੀ)- ਸਰਕਾਰੀ ਪ੍ਰਾਇਮਰੀ ਸਕੂਲ ਹਮੀਦੀ ਵਿਖੇ ਦੀਵਾਲੀ ਮੌਕੇ ਪਟਾਕੇ ਨਾ ਚਲਾਉਣ ਅਤੇ ਪਰਾਲੀ ਨਾ ਸਾੜਨ ਬਾਰੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਸਮੇਂ ਅਧਿਆਪਕਾਂ ਨੇ ਹਰੇਕ ਬੱਚੇ ਦੀ ਕਾਰਗੁਜ਼ਾਰੀ ਬਾਰੇ ਮਾਪਿਆਂ ਨੂੰ ਜਾਣਕਾਰੀ ਦਿੱਤੀ। ਇੰਚਾਰਜ ਅਸ਼ਵਨੀ ਕੁਮਾਰ ਵਲੋਂ ਪਟਾਕੇ ਨਾ ਚਲਾਉਣਾ ਗਰੀਨ ਦੀਵਾਲੀ ਮਨਾਉਣਾ, ਪਰਾਲੀ ਨਾ ਸਾੜਨ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਮਾਪਿਆਂ ਨੂੰ ਦੱਸਿਆ ਗਿਆ ਕਿ ਪਟਾਕੇ ਚਲਾਉਣ ਨਾਲ ਤੇ ਪਰਾਲੀ ਸਾੜਨ ਨਾਲ ਹਵਾ ਪ੍ਰਦੂਸ਼ਣ ਵਧਦਾ ਹੈ ਜਿਸ ਨਾਲ ਸਿਹਤ ਉੱਤੇ ਬੁਰਾ ਅਸਰ ਪੈਂਦਾ ਹੈ। ਹਵਾ ਵਿਚ ਫੈਲਣ ਵਾਲੇ ਧੂੰਏਂ ਕਾਰਨ ਬੱਚਿਆਂ ਅਤੇ ਬਜ਼ੁਰਗਾਂ ਨੂੰ ਸਾਹ ਸਬੰਧੀ ਬਿਮਾਰੀਆਂ ਹੋ ਸਕਦੀਆਂ ਹਨ। ਇਸ ਤੋਂ ਇਲਾਵਾ, ਪਰਾਲੀ ਸਾੜਨ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਘਟਦੀ ਹੈ ਅਤੇ ਕਈ ਲਾਭਦਾਇਕ ਜੀਵ ਨਸ਼ਟ ਹੋ ਜਾਂਦੇ ਹਨ। ਅਧਿਆਪਕਾਂ ਨੇ ਮਾਪਿਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਪਿੰਡ ਵਿਚ ਲੋਕਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕਰਨ। ਇਸ ਦੀ ਬਜਾਏ ਪਰਾਲੀ ਨੂੰ ਖਾਦ ਵਜੋਂ ਵਰਤਣ, ਪਸ਼ੂਆਂ ਦੇ ਚਾਰੇ ਲਈ ਸੰਭਾਲਣ ਜਾਂ ਇਸ ਨੂੰ ਬਾਇਓ ਗੈਸ ਬਣਾਉਣ ਦੇ ਕੰਮ ਵਿਚ ਲਿਆਂਦਾ ਜਾ ਸਕਦਾ ਹੈ। ਇਸ ਤਰ੍ਹਾਂ ਨਾ ਸਿਰਫ਼ ਵਾਤਾਵਰਨ ਦੀ ਰੱਖਿਆ ਹੋਵੇਗੀ ਸਗੋਂ ਕਿਸਾਨਾਂ ਨੂੰ ਆਰਥਿਕ ਲਾਭ ਵੀ ਹੋਣਗੇ। ਉਨ੍ਹਾਂ ਕਿਹਾ ਕਿ ਹਮੀਦੀ ਸਕੂਲ ਇਕ ਗਰੀਨ ਸਕੂਲ ਦੇ ਰੂਪ ਵਿਚ ਵਾਤਾਵਰਨ ਦੀ ਸੰਭਾਲ ਲਈ ਵਚਨਬੱਧ ਹੈ। ਇਸ ਮੌਕੇ ਤੇ ਪਿੰਡ ਵਾਸੀਆਂ ਅਤੇ ਮਾਪਿਆਂ ਨੇ ਵੀ ਸਕੂਲ ਦੀਆਂ ਕੋਸ਼ਿਸ਼ਾਂ ਦੀ ਸਰਾਹਨਾ ਕੀਤੀ ਅਤੇ ਵਾਅਦਾ ਕੀਤਾ ਕਿ ਉਹ ਪਰਾਲੀ ਨਾ ਸਾੜਨ ਅਤੇ ਪਟਾਕੇ ਨਾ ਚਲਾਉਣ ਦੇ ਸੰਦੇਸ਼ ਨੂੰ ਆਪਣੇ ਘਰਾਂ ਤੇ ਪਿੰਡ ਵਿਚ ਫੈਲਾਉਣਗੇ।